# ਸੋਹਿਲਾ

ਰਾਗੁ ਗਉੜੀ ਦੀਪਕੀ ਮਹਲਾ ੧

ੴ ਸਤਿਗੁਰ ਪ੍ਰਸਾਦਿ ॥

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥

ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ ॥੧॥

ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥

ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ ॥੧॥

ਰਹਾਉ ॥

ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ ॥

ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ ॥੨॥

ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ ॥

ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥

ਘਰਿ ਘਰਿ ਏਹੁ ਪਾਹੁਚਾ ਸਦੜੇ ਨਿਤ ਪਵੰਨਿ ॥

ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ

।।੪।।੧।।

ਰਾਗੁ ਆਸਾ ਮਹਲਾ ੧॥

ਛਿਅ ਘਰ ਛਿਅ ਗੁਰ ਛਿਅ ਉਪਦੇਸ ॥

ਗੁਰੁ ਗੁਰੁ ਏਕੋ ਵੇਸ ਅਨੇਕ ॥੧॥

ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥ ਸੋ ਘਰੁ ਰਾਖੁ ਵਡਾਈ ਤੋਇ ॥੧॥ ਰਹਾਉ ॥

ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਹੋਆ ॥ ਸੂਰਜੁ ਏਕੋ ਰੁਤਿ ਅਨੇਕ ॥

ਨਾਨਕ ਕਰਤੇ ਕੇ ਕੇਤੇ ਵੇਸ ॥੨॥੨॥

ਰਾਗੁ ਧਨਾਸਰੀ ਮਹਲਾ ੧॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥

ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ

ਬਨਰਾਇ ਫੂਲ ਜੋਤੀ ॥੧॥

ਕੈਸੀ ਆਰਤੀ ਹੋਇ ॥

ਭਵ ਖੰਡਨਾ ਤੇਰੀ ਆਰਤੀ ॥

ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥

ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੁੋਹੀ ॥

ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥

ਸਭ ਮਹਿ ਜੋਤਿ ਜੋਤਿ ਹੈ ਸੋਇ ॥

ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥

ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥

ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ ਅਨਦਿਨੋੁ ਮੋਹਿ ਆਹੀ ਪਿਆਸਾ ॥

ਕਿË§ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਇ ਵਾਸਾ ॥੪॥੩॥

ਰਾਗੁ ਗਉੜੀ ਪੂਰਬੀ ਮਹਲਾ ੪॥

ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ ॥

ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ ॥੧॥

ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ ॥

ਕਰਿ ਡੰਡਉਤ ਪੁਨੁ ਵਡਾ ਹੇ ॥੧॥ ਰਹਾਉ ॥

ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ ॥

ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ ॥੨॥

ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ ॥

ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ ॥੩॥

ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁਵਡ ਵਡਾ ਹੇ ॥

ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ ਸੁਖੁ ਮੰਡਾ ਹੇ ॥੪॥੪॥

ਰਾਗੁ ਗਉੜੀ ਪੂਰਬੀ ਮਹਲਾ ੫॥

ਕਰਉ ਬੇਨਈ ਸੁਣਹੁ ਮੇਰੇ ਮੀਤਾ ਸੰਤ ਟਹਲਕੀ ਬੇਲਾ ॥

ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ

ਸੁਹੇਲਾ ॥੧॥

ਅਉਧ ਘਟੈ ਦਿਨਸੁ ਰੈਣਾਰੇ ॥

ਮਨ ਗੁਰ ਮਿਲਿ ਕਾਜ ਸਵਾਰੇ ॥੧॥ ਰਹਾਉ ॥

ਇਹੁ ਸੰਸਾਰੁ ਬਿਕਾਰੁ ਸੰਸੇ ਮਹਿ ਤਰਿਓ ਬ੍ਰਹਮਗਿਆਨੀ ॥

ਜਿਸਹਿ ਜਗਾਇ ਪੀਆਵੈ ਇਹੁ ਰਸੁ ਅਕਥ ਕਥਾ ਤਿਨਿ ਜਾਨੀ ॥੨॥

ਜਾ ਕਉ ਆਏ ਸੋਈ ਬਿਹਾਝਹੁ ਹਰਿ ਗੁਰ ਮਨਹਿ ਬਸੇਰਾ ॥ ਤੇ

ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ ॥੩॥

ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਨਾਨਕ ਦਾਸੁ ਇਹੈ ਸੁਖੁ ਮਾਗੈ ਮੋ ਕਉ ਕਰਿ ਸੰਤਨ ਕੀ ਧੂਰੇ ॥੪॥੫॥